# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:22-03-2024**

ਪੰਜਾਬ ਵਿੱਚ 100 ਤੋਂ 119 ਸਾਲ ਤਕ ਦੀ ਉਮਰ ਦੇ ਕੁਲ 5 ਹਜ਼ਾਰ 4 ਵੋਟਰ ਨੇ ਜਦਕਿ 205 ਵੋਟਰਾਂ ਦੀ ਉਮਰ 120 ਸਾਲ ਤੋਂ ਵੀ ਵੱਧ ਏ। ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਅਨੁਸਾਰ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੇ 85 ਸਾਲ ਤੋਂ ਵੱਧ ਦੀ ਉਮਰ ਵਾਲੇ ਸਾਰੇ ਵੋਟਰ ਆਪਣੇ ਘਰੋਂ ਹੀ ਵੋਟ ਪਾ ਸਕਦੇ ਨੇ ਅਤੇ ਇਸ ਮਕਸਦ ਲਈ ਸਾਰੇ ਜ਼ਿਲ੍ਹਾ ਚੋਣ ਅਧਿਕਾਰੀਆਂ ਨੂੰ ਪਹਿਲਾਂ ਹੀ ਨਿਰਦੇਸ਼ ਜਾਰੀ ਕੀਤੇ ਜਾ ਚੁੱਕੇ ਨੇ। ਉਨਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਏ ਕਿ ਉਹ ਵੋਟ ਦੇ ਅਧਿਕਾਰ ਦੀ ਵੱਧ-ਚੜ੍ਹ ਕੇ ਵਰਤੋਂ ਕਰਨ ਅਤੇ ‘ਇਸ ਵਾਰ 70 ਪਾਰ’ ਦੇ ਨਾਅਰੇ ਨੂੰ ਅਮਲੀ ਜਾਮਾ ਪਹਿਣਾਉਣ।

ਵੇਰਵੇ ਨਾਲ ਇਹ ਰਿਪੋਰਟ: ਸੂਬੇ ਵਿਚ ਪਹਿਲੀ ਮਾਰਚ 2024 ਤੱਕ 100 ਤੋਂ 109 ਸਾਲ ਦੀ ਉਮਰ ਵਾਲੇ 1917 ਮਰਦ ਤੇ 2928 ਔਰਤ ਵੋਟਰ ਨੇ ਜਦਕਿ 110 ਤੋਂ 119 ਸਾਲ ਤੱਕ ਦੇ 59 ਮਰਦ ਅਤੇ 100 ਔਰਤ ਵੋਟਰ ਨੇ । ਇਸ ਤਰ੍ਹਾਂ 100 ਤੋਂ 119 ਸਾਲ ਦੀ ਉਮਰ ਤੱਕ ਦੇ ਕੁੱਲ ਵੋਟਰਾਂ ਦੀ ਗਿਣਤੀ 5004 ਬਣਦੀ ਏ । ਇਨਾਂ ਵਿਚ 120 ਸਾਲ ਤੋਂ ਵੱਧ ਉਮਰ ਵਾਲੇ 205 ਵੋਟਰਾਂ ਵਿੱਚੋਂ 122 ਮਰਦ ਤੇ 83 ਔਰਤ ਵੋਟਰ ਨੇ । 120 ਸਾਲ ਤੋਂ ਵੱਧ ਉਮਰ ਵਾਲੇ ਸਭ ਤੋਂ ਵੱਧ 77 ਮਰਦ ਤੇ 34 ਔਰਤ ਵੋਟਰ ਲੁਧਿਆਣਾ ਜ਼ਿਲ੍ਹੇ ਵਿਚ ਅਤੇ ਇਸ ਤੋਂ ਬਾਅਦ 24 ਮਰਦ ਤੇ 25 ਔਰਤ ਵੋਟਰ ਫਿਰੋਜ਼ਪੁਰ ਜ਼ਿਲ੍ਹੇ ਵਿਚ ਨੇ । 18- 19 ਸਾਲ ਉਮਰ ਵਰਗ ਦੇ ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਦੀ ਕੁੱਲ ਗਿਣਤੀ 4 ਲੱਖ 89 ਹਜ਼ਾਰ 631 ਏ । ਇਨ੍ਹਾਂ ਵਿਚ 16 ਟਰਾਂਸਜੈਂਡਰ ਵੋਟਰ ਵੀ ਸ਼ਾਮਲ ਨੇ ਜਦਕਿ 2 ਲੱਖ 93 ਹਜ਼ਾਰ 100 ਵੋਟਰ ਮੁੰਡੇ ਅਤੇ 1 ਲੱਖ 96 ਹਜ਼ਾਰ 515 ਵੋਟਰ ਕੁੜੀਆਂ ਨੇ । ਸੂਬੇ ਵਿੱਚ

*<u>ਕੁੱਲ 2 ਕਰੋੜ 12 ਲੱਖ 71 ਹਜ਼ਾਰ 246 ਵੋਟਰ ਦਰਜ਼ ਨੇ । ਇਨ੍ਹਾਂ ਵਿਚ 1 ਕਰੋੜ 11 ਲੱਖ 92 ਹਜ਼ਾਰ 959 ਮਰਦ ਵੋਟਰ ਜਦਕਿ 1 ਕਰੋੜ 77 ਹਜ਼ਾਰ 543 ਔਰਤ ਵੋਟਰ ਸ਼ਾਮਲ ਨੇ । ਸ਼ਿਸ਼ੂ ਸ਼ਰਮਾ ਸ਼ਾਂਤਲ ਆਕਾਸ਼ਵਾਣੀ ਸਮਾਚਾਰ, ਜਲੰਧਰ।</u>*

---------------------------------------------------------------

ਲੋਕ ਸਭਾ ਚੋਣਾਂ 2024 ਦੇ ਮੱਦੇਨਜ਼ਰ ਫਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਚੋਣ ਅਫਸਰ ਪਰਨੀਤ ਸ਼ੇਰਗਿੱਲ ਨੇ ਸਹਾਇਕ ਰਿਟਰਨਿੰਗ ਅਫਸਰਾਂ ਅਤੇ ਪੁਲਿਸ ਦੇ ਅਧਿਕਾਰੀਆਂ ਨਾਲ ਜ਼ਿਲ੍ਹੇ ਦੇ ਸੰਵੇਦਨਸ਼ੀਲ ਬੂਥਾਂ ਸਬੰਧੀ ਜਾਣਕਾਰੀ ਹਾਸਲ ਕਰਨ ਲਈ ਕਲ ਇਕ ਮੀਟਿੰਗ ਕੀਤੀ । ਉਨ੍ਹਾਂ ਸਮੂਹ ਸਹਾਇਕ ਰਿਟਰਨਿੰਗ ਅਫਸਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਅਧੀਨ ਆਉਂਦੇ ਸੰਭਾਵਿਤ ਸੰਵੇਦਨਸ਼ੀਲ ਬੂਥਾਂ ਦਾ ਨਿੱਜੀ ਤੌਰ 'ਤੇ ਦੌਰਾ ਕਰਕੇ ਪੂਰੀ ਜਾਣਕਾਰੀ ਹਾਸਲ ਕਰਨ ਤਾਂ ਜੋ ਵਾਧੂ ਸੁਰੱਖਿਆ ਫੋਰਸ ਲਗਾ ਕੇ ਬਿਨ੍ਹਾਂ ਕਿਸੇ ਡਰ, ਭੈਅ ਅਤੇ ਲਾਲਚ ਤੋਂ ਨਿਰਪੱਖ ਚੋਣਾਂ ਕਰਾਈਆਂ ਜਾ ਸਕਣ । ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅੰਦਰ ਬਣਾਏ ਗਏ ਬੂਥ ਜਾਗਰੂਕਤਾ ਸਮੂਹਾਂ ਰਾਹੀਂ ਸੰਵੇਦਨਸ਼ੀਲ ਬੂਥਾਂ ਬਾਰੇ

ਪਿੰਡਾਂ ਵਿੱਚ ਵੱਧ ਤੋਂ ਵੱਧ ਸਵੀਪ ਗਤੀਵਿਧੀਆਂ ਕਰਾਈਆਂ ਜਾਣ ਤਾਂ ਜੋ '70 ਪਾਰ' ਦੇ ਨਾਅਰੇ ਨੂੰ ਪੂਰਾ ਕਰਕੇ ਲੋਕਤੰਤਰ ਨੂੰ ਮਜ਼ਬੂਤ ਕੀਤਾ ਜਾ ਸਕੇ । ਉਨ੍ਹਾਂ, ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ, ਆਪਣੇ ਆਪਣੇ ਖੇਤਰ ਅਧੀਨ ਸਹਾਇਕ ਰਿਟਰਨਿੰਗ ਅਫਸਰਾਂ ਨਾਲ ਮਿਲ ਕੇ ਸੰਭਾਵਿਤ ਸੰਵੇਦਨਸ਼ੀਲ ਬੂਥਾਂ ਵਾਲੇ ਪਿੰਡਾਂ ਅਤੇ ਸ਼ਹਿਰਾਂ ਦਾ ਦੌਰਾ ਕਰਨ ਅਤੇ ਫਲੈਗ ਮਾਰਚ ਕੱਢ ਕੇ ਲੋਕਾਂ ਨੂੰ ਇਹ ਭਰੋਸਾ ਦਿਵਾਉਣ ਕਿ ਉਹ ਕਿਸੇ ਡਰ ਭੈਅ ਤੋਂ ਮੁਕਤ ਹੋ ਕੇ ਆਪਣੀ ਕੀਮਤੀ ਵੋਟ ਦਾ ਇਸਤੇਮਾਲ ਕਰ ਸਕਦੇ ਨੇ । ਸੰਵੇਦਨਸ਼ੀਲ ਬੂਥਾਂ ਤੇ ਚੋਣ ਕਮਿਸ਼ਨ ਵੱਲੋਂ ਭੇਜੇ ਗਏ ਆਈ.ਟੀ.ਬੀ.ਪੀ ਦੇ ਜਵਾਨ ਤਾਇਨਾਤ ਕੀਤੇ ਜਾਣ ।

--------------------------------------------------

ਏਧਰ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ, ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਦੇ ਮਕਸਦ ਤਹਿਤ ਗੁਰਦਾਸਪੁਰ ਦੇ ਐੱਸ.ਐੱਸ.ਪੀ. ਹਰੀਸ਼ ਦਾਯਮਾ ਦੀ ਅਗਵਾਈ ਹੇਠ ਕਲ ਪੰਜਾਬ ਪੁਲਿਸ, ਬੀ.ਐੱਸ.ਐੱਫ. ਅਤੇ ਏ.ਆਰ.ਪੀ. ਦੇ ਜਵਾਨਾਂ ਨੇ, ਦੀਨਾਨਗਰ

ਸ਼ਹਿਰ ਵਿਖੇ ਫਲੈਗ ਮਾਰਚ ਕੱਢਿਆ। ਥਾਣਾ ਦੀਨਾਨਗਰ ਤੋਂ ਸ਼ੁਰੂ ਹੋ ਕੇ ਇਹ ਫਲੈਗ ਮਾਰਚ ਤਾਰਾਗੜ੍ਹ ਮੌੜ ਵਿਖੇ ਪਹੁੰਚ ਕੇ ਸਮਾਪਤ ਹੋਇਆ। ਹਰੀਸ਼ ਦਾਯਮਾ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਆਦਰਸ਼ ਚੋਣ ਜ਼ਾਬਤੇ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾ ਰਹੀ ਏ ਅਤੇ ਪਿਛਲੇ ਦੋ ਦਿਨਾਂ ਤੋਂ ਜਿੰਨੇ ਵੀ ਅਦਾਰੇ ਚੋਣ ਅਮਲ ਵਿੱਚ ਸ਼ਾਮਲ ਨੇ ਅਤੇ ਨਾਲ ਹੀ ਵੱਖ-ਵੱਖ ਸਿਆਸੀ ਪਾਰਟੀਆਂ ਨੂੰ ਮੀਟਿੰਗਾਂ ਕਰਕੇ ਆਦਰਸ਼ ਚੋਣ ਜ਼ਾਬਤੇ ਦੀਆਂ ਹਦਾਇਤਾਂ ਤੋਂ ਜਾਣੂ ਕਰਵਾ ਦਿੱਤਾ ਗਿਆ ਏ। ਉਨ੍ਹਾਂ ਕਿਹਾ ਕਿ ਫਲੈਗ ਮਾਰਚ ਦਾ ਮੰਤਵ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ ਏ।

---

BJP ਜਲੰਧਰ ਸ਼ਹਿਰੀ ਦੇ ਜਨਰਲ ਸਕੱਤਰ, ਅਸ਼ੋਕ ਸਰੀਨ ਹਿੱਕੀ, ਜ਼ਿਲ੍ਹਾ ਦਫ਼ਤਰ ਸਕੱਤਰ ਗੋਪਾਲ ਕਿਸ਼ਨ ਸੋਨੀ, ਜ਼ਿਲ੍ਹਾ ਬੁਲਾਰੇ ਸੰਨੀ ਸ਼ਰਮਾ, ਜ਼ਿਲ੍ਹਾ ਕਾਰਜਕਾਰਨੀ ਮੈਂਬਰ ਨਰੇਸ਼ ਵਿੱਜ ਅਤੇ ਮੰਡਲ ਜਨਰਲ ਸਕੱਤਰ ਅਨੁਜ ਸ਼ਾਰਦਾ ਨੇ, ਦੇਸ਼ ਦੇ ਮੁੱਖ ਚੋਣ ਕਮਿਸ਼ਨਰ ਨੂੰ ਇਕ ਪੱਤਰ ਲਿਖ ਕੇ ਜਲੰਧਰ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਚੱਲ ਰਹੇ ਨਜਾਇਜ਼ ਲਾਟਰੀ ਸੱਟੇ ਦੇ ਧੰਦੇ ਨੂੰ ਰੋਕਣ ਅਤੇ ਸਮਾਜ

ਵਿਰੋਧੀ ਅਨਸਰਾਂ ਤੇ ਲਗਾਮ ਲਗਾਉਣ ਵਿੱਚ ਸਥਾਨਕ ਪੁਲਿਸ ਦੇ ਨਾਕਾਮ ਰਹਿਣ ਦਾ ਦੋਸ਼ ਲਗਾਇਆ ਏ। ਉਨਾਂ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਵਿਚ, ਪੰਜਾਬ ਦੇ ਡੀ.ਜੀ.ਪੀ. ਨੂੰ ਤੁਰੰਤ ਕਾਰਵਾਈ ਕਰਨ ਦੀ ਹਦਾਇਤ ਕੀਤੀ ਜਾਵੇ। ਉਨਾਂ ਕਿਹਾ ਕਿ ਇਸ ਘਪਲੇ ਦੀ ਅਨਫੋਸਮੈਂਟ ਡਾਇਰੈਕਟੋਰੇਟ ਅਤੇ ਸੀ.ਬੀ.ਆਈ ਤੋਂ ਜਾਂਚ ਕਾਰਵਾਈ ਜਾਣੀ ਚਾਹੀਦੀ ਏ ਤਾਂ ਜੋ ਗੈਰ-ਕਾਨੂੰਨੀ ਕਾਰੋਬਾਰ ਨੂੰ ਸਰਪ੍ਰਸਤੀ ਦੇਣ ਵਾਲੇ ਸਿਆਸਤਦਾਨਾਂ ਅਤੇ ਪੁਲਿਸ ਅਧਿਕਾਰੀਆਂ 'ਤੇ ਸ਼ਿਕੰਜਾ ਕੱਸਿਆ ਜਾ ਸਕੇ। ਅਸ਼ੋਕ ਸਰੀਨ ਹਿੱਕੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਲਾਟਰੀ ਬੰਦ ਹੋਣ ਦੇ ਬਾਵਜੂਦ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਤੇ ਆਗੂਆਂ ਦੀ ਸਰਪ੍ਰਸਤੀ ਹੇਠ ਨਾਜਾਇਜ਼ ਲਾਟਰੀ ਸੱਟੇਬਾਜ਼ੀ ਦਾ ਧੰਦਾ ਚੱਲ ਰਿਹਾ ਏ। BJP ਆਗੂਆਂ ਨੇ ਇਸ ਪੱਤਰ ਦੀ ਕਾਪੀ ਪੰਜਾਬ ਦੇ ਰਾਜਪਾਲ, ਮੁੱਖ ਚੋਣ ਅਧਿਕਾਰੀ ਅਤੇ ਮੁੱਖ ਸਕੱਤਰ ਸਮੇਤ ਹੋਰਨਾਂ ਅਧਿਕਾਰੀਆਂ ਨੂੰ ਵੀ ਭੇਜੀ ਏ।

----------------------------------------------------

ਵਿਸ਼ਵ ਜੰਗਲਾਤ ਦਿਵਸ ਮੌਕੇ ਲੁਧਿਆਣਾ ਦੇ ਡਿਪਟੀ ਕਮਿਸ਼ਨਰ

ਸਾਕਸੀ ਸਾਹਨੀ ਨੇ 'ਲੁਧਿਆਣਾ ਦੇ ਆਲੇ-ਦੁਆਲੇ ਜੰਗਲ' ਸਿਰਲੇਖ ਹੇਠ ਡਾਕਊਮੈਂਟਰੀ ਫਿਲਮ ਤੇ ਪਿਕਟੋ-ਰੀਅਲ ਬਰੋਸ਼ਰ ਰੀਲੀਜ ਕੀਤੇ। ਇਨਾਂ ਵਿੱਚ ਲੁਧਿਆਣਾ ਦੇ ਆਲੇ ਦੁਆਲੇ ਦੇ ਜੰਗਲਾਤ ਖੇਤਰ ਨੂੰ ਦਰਸਾਇਆ ਗਿਆ ਏ। ਇਸ ਰਚਨਾ ਨੂੰ ਉੱਘੇ ਲੇਖਕ ਤੇ ਕੁਦਰਤ ਪ੍ਰੇਮੀ ਹਰਪ੍ਰੀਤ ਸੰਧੂ ਵਲੋਂ ਜੰਗਲਾਤ ਵਿਭਾਗ ਲੁਧਿਆਣਾ ਦੇ ਸਹਿਯੋਗ ਨਾਲ ਤਿਆਰ ਕੀਤਾ ਗਿਆ ਏ। ਇਸ ਚਿੱਤਰਕਾਰੀ ਦਾ ਉਦੇਸ਼ ਲੁਧਿਆਣਾ ਦੇ ਨਾਗਰਿਕਾਂ ਵਿਚ ਕੁਦਰਤ ਦੀ ਮਹੱਤਤਾ ਨੂੰ ਉਤਸ਼ਾਹਿਤ ਕਰਨਾ ਏ ਕਿਉਂਕਿ ਇਹ ਮੱਤੇਵਾੜਾ ਜੰਗਲ, ਗੜ੍ਹੀ ਫਾਜ਼ਿਲ ਜੰਗਲ, ਨੀਲੋਂ ਜੰਗਲ, ਨਿਊ ਹੈਦਰ ਨਗਰ ਜੰਗਲਾਤ ਅਤੇ ਹਲਵਾਰਾ ਜੰਗਲ ਦੇ ਸੱਚਮੁੱਚ ਸ਼ਾਨਦਾਰ ਜੰਗਲੀ ਖੇਤਰਾਂ ਨੂੰ ਦਰਸਾਉਂਦਾ ਏ, ਜਿਸ ਨਾਲ ਲੁਧਿਆਣਾ ਦੇ ਲੋਕਾਂ ਨੂੰ ਉਨ੍ਹਾਂ ਦੇ ਆਲੇ-ਦੁਆਲੇ ਕੁਦਰਤ ਨੂੰ ਨੇੜਿਓਂ ਦੇਖਣ ਦਾ ਮੌਕਾ ਮਿਲਦਾ ਏ। ਡਿਪਟੀ ਕਮਿਸ਼ਨਰ ਸਾਹਨੀ ਨੇ ਹਰਪ੍ਰੀਤ ਸੰਧੂ ਦੇ ਇਸ ਨਿਵੇਕਲੇ ਕਾਰਜ ਦੀ ਸ਼ੁਰੂਆਤ ਲਈ ਕੀਤੇ ਸੁਹਿਰਦ ਯਤਨਾਂ ਦੀ ਸ਼ਲਾਘਾ ਕੀਤੀ।